ਧਨਾਸਰੀ ਮਹਲਾ ੫ ॥ ਬਾਰਿ ਜਾਉ ਗੁਰ ਅਪੁਨੇ ਊਪਰਿ ਜਿਨਿ ਹਰਿ ਹਰਿ ਨਾਮੁ ਦ੍ਰਿੜ੍ਹਾਯਾ ॥ ਮਹਾ ਉਦਿਆਨ ਅੰਧਕਾਰ ਮਹਿ ਜਿਨਿ ਸੀਧਾ ਮਾਰਗੁ ਦਿਖਾਯਾ ॥ ੧॥ ਹਮਰੇ ਪ੍ਰਾਨ ਗੁਪਾਲ ਗੋਬਿੰਦ ॥ ਈਹਾ ਊਹਾ ਸਰਬ ਥੋਕ ਕੀ ਜਿਸਹਿ ਹਮਾਰੀ ਚਿੰਦ ॥੧॥ ਰਹਾਉ ॥ ਜਾ ਕੈ ਸਿਮਰਨਿ ਸਰਬ ਨਿਧਾਨਾ ਮਾਨੁ ਮਹਤੁ ਪਤਿ ਪੂਰੀ ॥ ਨਾਮੁ ਲੈਤ ਕੋਟਿ ਅਘ ਨਾਸੇ ਭਗਤ ਬਾਛਹਿ ਸਭਿ ਧੂਰੀ ॥ ੨॥ ਸਰਬ ਮਨੋਰਥ ਜੇ ਕੋ ਚਾਹੈ ਸੇਵੈ ਏਕੁ ਨਿਧਾਨਾ ॥ ਪਾਰਬ੍ਰਹਮ ਅਪਰੰਪਰ ਸੁਆਮੀ ਸਿਮਰਤ ਪਾਰਿ ਪਰਾਨਾ ॥੩॥ ਸੀਤਲ ਸਾਂਤਿ ਮਹਾ ਸੁਖੁ ਪਾਇਆ ਸੰਤਸੰਗਿ ਰਹਿਓ ਓਲ੍ਹਾ ॥ ਹਰਿ ਧਨੁ ਸੰਚਨੁ ਹਰਿ ਨਾਮੁ ਭੋਜਨੁ ਇਹੁ ਨਾਨਕ ਕੀਨੋ ਚੋਲ੍ਹਾ ॥੪॥੮॥ {ਪੰਨਾ 672}

ਪਦਅਰਥ:- ਬਾਰਿ ਜਾਉ—{ਜਾਉਂ} ਮੈਂ ਸਦਕੇ ਜਾਂਦਾ ਹਾਂ। ਜਿਨਿ—ਜਿਸ (ਗੁਰੂ) ਨੇ। ਉਦਿਆਨ—ਜੰਗਲ। ਅੰਧਕਾਰ—ਘੁੱਪ ਹਨੇਰਾ। ਮਾਰਗੁ—ਰਸਤਾ।1।

ਪ੍ਰਾਨ—ਜਿੰਦ, ਜਿੰਦ ਦਾ ਆਸਰਾ। ਗੁਪਾਲ—ਗੋਪਾਲ, ਸ੍ਰਿਸ਼ਟੀ ਦਾ ਪਾਲਣ ਵਾਲਾ। ਈਹਾ—ਇਸ ਲੋਕ ਵਿਚ। ਊਹਾ—ਪਰਲੋਕ ਵਿਚ। ਜਿਸਹਿ—ਜਿਸ (ਪ੍ਰਭੂ) ਨੂੰ। ਚਿੰਦ—ਚਿੰਤਾ, ਫ਼ਿਕਰ, ਧਿਆਨ।1। ਰਹਾਉ।

ਕੈ ਸਿਮਰਨਿ—ਦੇ ਸਿਮਰਨ ਦੀ ਰਾਹੀਂ। ਨਿਧਾਨ—ਖ਼ਜ਼ਾਨੇ। ਮਾਨੁ—ਆਦਰ। ਮਹਤੁ—ਵਡਿਆਈ। ਪਤਿ—ਇੱਜ਼ਤ। ਲੈਤ—ਲੈਂਦਿਆਂ, ਸਿਮਰਦਿਆਂ। ਅਘ—ਪਾਪ। ਬਾਛਹਿ—ਚਾਹੁੰਦੇ ਹਨ। ਸਭਿ—ਸਾਰੇ। ਧੂਰੀ—ਚਰਨ-ਧੂੜ।2।

ਮਨੋਰਥ—ਮਨੋ-ਕਾਮਨਾ, ਮਨ ਦੀਆਂ ਮੁਰਾਦਾਂ। ਕੋ—ਕੋਈ ਮਨੁੱਖ। ਸੇਵੈ—ਸਿਮਰਨ ਕਰੇ। ਅਪਰੰਪਰ—ਬੇਅੰਤ। ਪਾਰਿ ਪਰਨਾ—ਪਾਰ ਲੰਘ ਜਾਈਦਾ ਹੈ।3।

ਸੀਤਲ—ਠੰਢਾ। ਸੰਗਿ—ਸੰਗਤਿ ਵਿਚ। ਓਲ੍ਹਾ—ਪਰਦਾ, ਇੱਜ਼ਤ। ਸੰਚਨੁ—ਇਕੱਠਾ ਕਰਨਾ। ਚੋਲ੍ਹਾ—ਸੁਆਦਲਾ ਖਾਣਾ।4।

ਅਰਥ:- ਹੇ ਭਾਈ! ਜਿਸ ਪਰਮਾਤਮਾ ਨੂੰ (ਇਸ ਲੋਕ ਵਿਚ ਪਰੋਲਕ ਵਿਚ) ਸਾਡੀਆਂ ਸਾਰੀਆਂ ਲੋੜਾਂ ਪੂਰੀਆਂ ਕਰਨ ਦਾ ਫ਼ਿਕਰ ਹੈ ਉਹ ਸਾਡੀ ਜਿੰਦ ਦਾ ਆਸਰਾ ਹੈ।1। ਰਹਾਉ।

ਹੇ ਭਾਈ! ਮੈਂ ਆਪਣੇ ਗੁਰੂ ਤੋਂ ਸਦਕੇ ਜਾਂਦਾ ਹਾਂ, ਜਿਸ ਨੇ ਪਰਮਾਤਮਾ ਦਾ ਨਾਮ (ਮੇਰੇ ਹਿਰਦੇ ਵਿਚ) ਪੱਕਾ ਕਰ ਦਿੱਤਾ ਹੈ; ਜਿਸ ਨੇ ਇਸ ਵੱਡੇ ਅਤੇ (ਮਾਇਆ ਦੇ ਮੋਹ ਦੇ) ਘੁੱਪ ਹਨੇਰੇ (ਸੰਸਾਰ-) ਜੰਗਲ ਵਿਚ (ਆਤਮਕ ਜੀਵਨ ਪ੍ਰਾਪਤ ਕਰਨ ਲਈ) ਮੈਨੂੰ ਸਿੱਧਾ ਰਾਹ ਵਿਖਾ ਦਿੱਤਾ ਹੈ।1।

ਹੇ ਭਾਈ! (ਉਹ ਪਰਮਾਤਮਾ ਸਾਡੀ ਜਿੰਦ ਦਾ ਆਸਰਾ ਹੈ) ਜਿਸ ਦੇ ਸਿਮਰਨ ਦੀ ਬਰਕਤਿ ਨਾਲ ਸਾਰੇ ਖ਼ਜ਼ਾਨੇ ਪ੍ਰਾਪਤ ਹੋ ਜਾਂਦੇ ਹਨ, ਆਦਰ ਮਿਲਦਾ ਹੈ, ਵਡਿਆਈ ਮਿਲਦੀ ਹੈ, ਪੂਰੀ ਇੱਜ਼ਤ ਮਿਲਦੀ ਹੈ, ਜਿਸ ਦਾ ਨਾਮ ਸਿਮਰਿਆਂ ਕ੍ਰੋੜਾਂ ਪਾਪ ਨਾਸ ਹੋ ਜਾਂਦੇ ਹਨ। (ਹੇ ਭਾਈ!) ਸਾਰੇ ਭਗਤ ਉਸ ਪਰਮਾਤਮਾ ਦੇ ਚਰਨਾਂ ਦੀ ਧੂੜ ਲੋਚਦੇ ਰਹਿੰਦੇ ਹਨ।2।

ਹੇ ਭਾਈ! ਜੋ ਕੋਈ ਮਨੁੱਖ ਸਾਰੀਆਂ ਮੁਰਾਦਾਂ (ਪੂਰੀਆਂ ਕਰਨੀਆਂ) ਚਾਹੁੰਦਾ ਹੈ (ਤਾਂ ਉਸ ਨੂੰ ਚਾਹੀਦਾ ਹੈ ਕਿ) ਉਹ ਉਸ ਇੱਕ ਪਰਮਾਤਮਾ ਦੀ ਸੇਵਾ-ਭਗਤੀ ਕਰੇ ਜੋ ਸਾਰੇ ਪਦਾਰਥਾਂ ਦਾ ਖ਼ਜ਼ਾਨਾ ਹੈ। ਹੇ ਭਾਈ! ਸਾਰੇ ਜਗਤ ਦੇ ਮਾਲਕ ਬੇਅੰਤ ਪਰਮਾਤਮਾ ਦਾ ਸਿਮਰਨ ਕੀਤਿਆਂ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਈਦਾ ਹੈ।3।

ਹੇ ਨਾਨਕ! ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ-ਧਨ ਇਕੱਠਾ ਕੀਤਾ ਹੈ, ਪਰਮਾਤਮਾ ਦੇ ਨਾਮ ਨੂੰ (ਆਪਣੇ ਆਤਮਾ ਵਾਸਤੇ) ਭੋਜਨ ਬਣਾਇਆ ਹੈ ਸੁਆਦਲਾ ਖਾਣਾ ਬਣਾਇਆ ਹੈ, (ਉਸ ਦਾ ਹਿਰਦਾ) ਠੰਢਾ-ਠਾਰ ਰਹਿੰਦਾ

ਹੈ, ਉਸ ਨੂੰ ਸ਼ਾਂਤੀ ਪ੍ਰਾਪਤ ਰਹਿੰਦੀ ਹੈ, ਉਸ ਨੂੰ ਬੜਾ ਆਨੰਦ ਬਣਿਆ ਰਹਿੰਦਾ ਹੈ। ਗੁਰਮੁਖਾਂ ਦੀ ਸੰਗਤਿ ਵਿਚ ਰਹਿ ਕੇ ਉਸ ਦੀ ਇੱਜ਼ਤ ਬਣੀ ਰਹਿੰਦੀ ਹੈ (ਤੇ ਕੋਈ ਪਾਪ ਉਸ ਦੇ ਨੇੜੇ ਨਹੀਂ ਢੁਕਦੇ)।4।8।